# ਪੰਨਾ ੪੪੦

ਆਸਾ ਮਹਲਾ ੩ ਛੰਤ ਘਰੁ ੩ ॥ ਸਾਜਨ ਮੇਰੇ ਪ੍ਰੀਤਮਹੁ ਤੁਮ ਸਹ ਕੀ ਭਗਤਿ ਕਰੇਹੋ ॥ **ਗੁਰੁ ਸੇਵਹੁ ਸਦਾ ਆਪਣਾ ਨਾਮੁ ਪਦਾਰਥੁ ਲੇਹੋ ॥** ਭਗਤਿ ਕਰਹੁ ਤੁਮ ਸਹੈ ਕੇਰੀ ਜੋ ਸਹ ਪਿਆਰੇ ਭਾਵਏ ॥ਆਪਣਾ ਭਾਣਾ ਤੁਮ ਕਰਹੁ ਤਾ ਫਿਰਿ ਸਹ ਖੁਸੀ ਨ ਆਵਏ ॥ ਭਗਤਿ ਭਾਵ ਇਹੁ ਮਾਰਗੁ ਬਿਖੜਾ ਗੁਰ ਦੁਆਰੈ ਕੋ ਪਾਵਏ ॥ ਕਹੈ ਨਾਨਕੁ ਜਿਸੁ ਕਰੇ ਕਿਰਪਾ ਸੋ ਹਰਿ ਭਗਤੀ ਚਿਤੁ ਲਾਵਏ ॥ ੧ ॥

Tape/CD: 1348

# ਪੰਨਾ ੧੧੪੯

ਭੈਰਉ ਮਹਲਾ ੫ ॥ ਨਾਮੁ ਹਮਾਰੈ ਬੇਦ ਅਰੁ ਨਾਦ ॥ ਨਾਮੁ ਹਮਾਰੈ ਪੂਰੇ ਕਾਜ ॥ ਨਾਮੁ ਹਮਾਰੈ ਪੂਜਾ ਦੇਵ ॥ ਨਾਮੁ ਹਮਾਰੈ ਗੁਰ ਕੀ ਸੇਵ ॥ ੧ ॥ ਗੁਰਿ ਪੂਰੈ ਦ੍ਰਿੜਿਓ ਹਰਿ ਨਾਮੁ ॥ ਸਭ ਤੇ ਊਤਮੁ ਹਰਿ ਹਰਿ ਕਾਮੁ ॥ ੧ ॥ ਰਹਾਉ ॥ ਨਾਮੁ ਹਮਾਰੈ ਮਜਨ ਇਸਨਾਨੁ ॥ ਨਾਮੁ ਹਮਾਰੈ ਪੂਰਨ ਦਾਨੁ ॥ ਨਾਮੁ ਲੈਤ ਤੇ ਸਗਲ ਪਵੀਤ ॥ ਨਾਮੁ ਜਪਤ ਮੇਰੇ ਭਾਈ ਮੀਤ ॥ ੨ ॥ ਨਾਮੁ ਹਮਾਰੈ ਸਉਣ ਸੰਜੋਗ ॥ ਨਾਮੁ ਹਮਾਰੈ ਤ੍ਰਿਪਤਿ ਸੁਭੋਗ ॥ ਨਾਮੁ ਹਮਾਰੈ ਸਗਲ ਆਚਾਰ ॥ ਨਾਮੁ ਹਮਾਰੈ ਨਿਰਮਲ ਬਿਉਹਾਰ ॥ ੩ ॥ ਜਾ ਕੈ ਮਨਿ ਵਸਿਆ ਪ੍ਰਭੁ ਏਕੁ ॥ ਸਗਲ ਜਨਾ ਕੀ ਹਰਿ ਹਰਿ ਟੇਕ ॥ ਮਨਿ ਤਨਿ ਨਾਨਕ ਹਰਿ ਗੁਣ ਗਾਉ ॥ ਸਾਧਸੰਗਿ ਜਿਸੁ ਦੇਵੈ ਨਾਉ ॥ ੪ ॥ ੨੨ ॥ ੩੫ ॥

Tape/CD: 1348

# ਪੰਨਾ ੩੧੪

## ਗਉੜੀ ਕੀ ਵਾਰ ਮਹਲਾ ੪ ॥

ਪਉੜੀ ॥ ਸਾ ਸੇਵਾ ਕੀਤੀ ਸਫਲ ਹੈ ਜਿਤੁ ਸਤਿਗੁਰ ਕਾ ਮਨੁ ਮੰਨੇ ॥ ਜਾ ਸਤਿਗੁਰ ਕਾ ਮਨੁ ਮੰਨਿਆ ਤਾ ਪਾਪ ਕਸੰਮਲ ਭੰਨੇ ॥ ਉਪਦੇਸੁ ਜਿ ਦਿਤਾ ਸਤਿਗੁਰੂ ਸੋ ਸੁਣਿਆ ਸਿਖੀ ਕੰਨੇ ॥ ਜਿਨ ਸਤਿਗੁਰ ਕਾ ਭਾਣਾ ਮੰਨਿਆ ਤਿਨ ਚੜੀ ਚਵਗਣਿ ਵੰਨੇ ॥ ਇਹ ਚਾਲ ਨਿਰਾਲੀ ਗੁਰਮੁਖੀ ਗੁਰ ਦੀਖਿਆ ਸੁਣਿ ਮਨੁ ਭਿੰਨੇ ॥ ੨੫ ॥